**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ**

**ਵੱਲ :**

**1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਪੰਜਾਬ।**
**2. ਸਮੂਹ ਸਰਕਾਰੀ ਪ੍ਰਾਇਮਰੀ/ਮਿਡਲ/ਹਾਈ/ਸੀਨੀ. ਸੈਕੰਡਰੀ ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)**

**ਮੀਮੋ ਨੰ: ਡਿ.ਐਸ.ਪੀ.ਡੀ/ਆਰ.ਐਮ.ਐਸ.ਏ/46271**
**ਮਿਤੀ, ਚੰਡੀਗੜ੍ਹ : 15-07-2010**

**ਵਿਸ਼ਾ : ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਪ੍ਰਾਰਥਨਾ ਅਤੇ ਰਾਸ਼ਟਰੀ ਗਾਣ ਸੰਬੰਧੀ ।**

1.0 ਉਕਤ ਵਿਸ਼ੇ ਸੰਬੰਧੀ ਵਿਸ਼ੇਸ਼ ਤੌਰ ਤੇ ਇਸ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਪ੍ਰਾਰਥਨਾ ਅਤੇ ਰਾਸ਼ਟਰੀ ਗਾਣ ਨੂੰ ਵਿਸ਼ੇਸ਼ ਅਹਿਮੀਅਤ ਨਹੀਂ ਦਿੱਤੀ ਜਾਂਦੀ, ਜਿਸ ਕਾਰਨ ਵਿਦਿਆਰਥੀਆਂ ਨੂੰ ਸਵੇਰ ਦੀ ਪ੍ਰਾਰਥਨਾ ਅਤੇ ਰਾਸ਼ਟਰੀ ਗਾਣ ਜ਼ੁਬਾਨੀ ਯਾਦ ਨਹੀਂ ਹਨ।

2.0 ਇਸ ਪੱਤਰ ਰਾਹੀਂ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸ਼ਮੂਲੀਅਤ ਕਰਵਾ ਕੇ ਅਨੁਸ਼ਾਸ਼ਿਤ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਪ੍ਰਾਰਥਨਾ ਅਤੇ ਰਾਸ਼ਟਰੀ ਗਾਣ ਵਿਦਿਆਰਥੀਆਂ ਨੂੰ ਜ਼ਰੂਰ ਹੀ ਕਰਵਾਇਆ ਜਾਵੇ, ਕਿਉਂਕਿ ਇਹ ਸਾਡੇ ਨੈਤਿਕ ਕਰਤੱਵਾਂ ਵਿੱਚ ਵੀ ਸ਼ਾਮਿਲ ਹਨ।ਇਹ ਯਕੀਨੀ ਬਣਾਇਆ ਜਾਵੇ ਕਿ ਸਕੂਲ ਦੇ ਹਰੇਕ ਵਿਦਿਆਰਥੀ ਨੂੰ ਪ੍ਰਾਰਥਨਾ ਅਤੇ ਰਾਸ਼ਟਰੀ ਗਾਣ ਮੂੰਹ ਜ਼ੁਬਾਨੀ ਕੰਠ ਹੋਣ।

3.0 ਉਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**

ਪਿੱਠ ਅੰਕਣ ਨੰ: **ਡਿ.ਐਸ.ਪੀ.ਡੀ/ਆਰ.ਐਮ.ਐਸ.ਏ/2010 ਉਕਤ ਮਿਤੀ, ਚੰਡੀਗੜ੍ਹ: 15-07-2010**

**ਉਤਾਰਾ ਡੀ.ਐਮ.(ਐਮ.ਆਈ.ਐਸ) ਨੂੰ ਵੈਬਸਾਈਟ ਰਾਹੀਂ ਜਾਰੀ ਕਰਨ ਹਿੱਤ।**

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ**